VIGILANCE BUREAU PUNJAB

# Vigilance Bureau arrests retired SMO, his clerk for embezzlement in salaries amounting to Rs. 14,46,550

Chandigarh July 31, 2024 -

The Punjab Vigilance Bureau (VB) has arrested accused Dr. Lakhwinder Singh Chahal (Retired), SMO and Ranjit Singh Senior Assistant, Primary Health Centre (PHC), Dhillwan in Kapurthala district after investigation of a scam in the disbursement of salaries of the officials/employees posted in Dhillwan PHC.

Giving detailed information in this regard, an official spokesperson of the VB said during the investigation of a Vigilance Enquiry, it was found that an accused in this case namely Rajwinder Singh Clerk, was previously involved in a salary fraud case at Sub-Divisional Hospital, Baba Bakala, Amritsar district. In this regard a case was registered against him in the year 2013 at VB police station, Amritsar range.

He informed that after this, the Director Health and Family Welfare Department, Punjab in 2016, had transferred this accused Clerk to PHC Dhillwan. Dr. Lakhwinder Singh Chahal, SMO Dhillawan, despite having the knowledge regarding the registration of a case related to salary fraud against the above mentioned accused, had deputed the tainted Clerk with another employee namely Ranjit Singh, a Bill Clerk as an assistant on his verbal orders to maintain salary accounts.

He further informed that during the probe, the bank statements obtained from various banks of the accused Rajwinder Singh Clerk, had proved that the accused had prepared forged salary and dearness allowance bills of the employees, who were on long leave, and which were counter signed by above said accused Ranjit Singh and approved by SMO Dr. Chahal. After getting the bills passed from the treasury office, Bhulath, Rajwinder Singh Clerk had committed embezzlement by drawing a total of Rs. 14,46,550 in his personal bank accounts.

In this regard, the VB has registered a case against all the three accused namely Dr Chahal, Ranjit Singh and Rajwinder Singh under sections 409, 467, 468, 471, 201, 120-B of IPC and 13(1)A read with 13(2) of Prevention of Corruption Act at VB police station, Jalandhar range. Dr Chahal and Ranjit Singh were produced in the court on Wednesday and sent to jail under judicial custody. Further investigation into this case was under progress.

--------

ਵਿਜੀਲੈਂਸ ਬਿਊਰੋ ਪੰਜਾਬ

# ਤਨਖ਼ਾਹਾਂ ਵਿੱਚ 14,46,550 ਰੁਪਏ ਦਾ ਗਬਨ ਕਰਨ ਦੇ ਦੋਸ਼ ਹੇਠ ਸੇਵਾਮੁਕਤ ਐਸ.ਐਮ.ਓ. ਅਤੇ ਉਸਦਾ ਕਲਰਕ ਵਿਜੀਲੈਂਸ ਬਿਊਰੋ ਵੱਲੋਂ ਕਾਬੂ

ਚੰਡੀਗੜ੍ਹ, 31 ਜੁਲਾਈ, 2024:

ਪੰਜਾਬ ਵਿਜੀਲੈਂਸ ਬਿਊਰੋ ਨੇ ਮੁੱਢਲੇ ਸਿਹਤ ਕੇਂਦਰ (ਪੀ.ਐਚ.ਸੀ.), ਢਿੱਲਵਾਂ, ਜ਼ਿਲ੍ਹਾ ਕਪੂਰਥਲਾ ਵਿੱਚ ਤਾਇਨਾਤ ਕਰਮਚਾਰੀਆਂ ਦੀਆਂ ਤਨਖ਼ਾਹਾਂ ਦੀ ਵੰਡ ਵਿੱਚ ਹੋਏ ਘਪਲੇ ਦੀ ਜਾਂਚ ਉਪਰੰਤ ਮੁਲਜ਼ਮ ਐਸ.ਐਮ.ਓ. ਡਾ. ਲਖਵਿੰਦਰ ਸਿੰਘ ਚਾਹਲ (ਸੇਵਾਮੁਕਤ) ਅਤੇ ਪੀ.ਐਚ.ਸੀ., ਢਿੱਲਵਾਂ ਵਿਖੇ ਤਾਇਨਾਤ ਸੀਨੀਅਰ ਸਹਾਇਕ ਰਣਜੀਤ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਹੈ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਜਾਂਚ ਦੌਰਾਨ ਪਤਾ ਲੱਗਾ ਹੈ ਕਿ ਇਸ ਮੁਕੱਦਮੇ ਦਾ ਇੱਕ ਮੁਲਜ਼ਮ ਕਲਰਕ ਰਾਜਵਿੰਦਰ ਸਿੰਘ ਪਹਿਲਾਂ ਵੀ ਸਬ-ਡਵੀਜ਼ਨਲ ਹਸਪਤਾਲ, ਬਾਬਾ ਬਕਾਲਾ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਤਨਖ਼ਾਹਾਂ 'ਚ ਧੋਖਾਧੜੀ ਕਰਨ ਦੇ ਇੱਕ ਕੇਸ ਵਿੱਚ ਸ਼ਾਮਲ ਸੀ। ਇਸ ਸਬੰਧੀ ਉਸ ਵਿਰੁੱਧ ਸਾਲ 2013 ਵਿੱਚ ਵਿਜੀਲੈਂਸ ਬਿਊਰੋ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਕੇਸ ਵੀ ਦਰਜ ਕੀਤਾ ਗਿਆ ਸੀ।

ਉਨ੍ਹਾਂ ਦੱਸਿਆ ਕਿ ਇਸ ਉਪਰੰਤ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਦੇ ਡਾਇਰੈਕਟਰ ਨੇ 2016 ਵਿੱਚ ਇਸ ਮੁਲਜ਼ਮ ਕਲਰਕ ਦਾ ਤਬਾਦਲਾ ਪੀ.ਐਚ.ਸੀ. ਢਿੱਲਵਾਂ ਵਿਖੇ ਕਰ ਦਿੱਤਾ ਸੀ। ਢਿੱਲਵਾਂ ਦੇ ਐਸ.ਐਮ.ਓ. ਡਾ. ਲਖਵਿੰਦਰ ਸਿੰਘ ਚਹਿਲ ਨੇ ਉਕਤ ਮੁਲਜ਼ਮ ਵਿਰੁੱਧ ਤਨਖ਼ਾਹਾਂ ਵਿੱਚ ਧੋਖਾਧੜੀ ਕਰਨ ਸਬੰਧੀ ਮੁਕੱਦਮਾ ਦਰਜ ਹੋਣ ਦੀ ਜਾਣਕਾਰੀ ਹੋਣ ਦੇ ਬਾਵਜੂਦ ਵੀ ਇਸ ਮੁਲਜ਼ਮ ਕਲਰਕ ਨੂੰ ਤਨਖ਼ਾਹਾਂ ਦਾ ਹਿਸਾਬ ਰੱਖਣ ਲਈ ਆਪਣੇ ਜ਼ੁਬਾਨੀ ਹੁਕਮਾਂ 'ਤੇ ਇੱਕ ਹੋਰ ਕਰਮਚਾਰੀ ਬਿੱਲ ਕਲਰਕ ਰਣਜੀਤ ਸਿੰਘ ਨਾਲ ਸਹਾਇਕ ਵਜੋਂ ਤਾਇਨਾਤ ਕੀਤਾ ਸੀ।

ਉਨ੍ਹਾਂ ਅੱਗੇ ਦੱਸਿਆ ਕਿ ਪੜਤਾਲ ਦੌਰਾਨ ਮੁਲਜ਼ਮ ਕਲਰਕ ਰਾਜਵਿੰਦਰ ਸਿੰਘ ਦੇ ਵੱਖ-ਵੱਖ ਬੈਂਕਾਂ ਤੋਂ ਪ੍ਰਾਪਤ ਕੀਤੀਆਂ ਬੈਂਕ ਸਟੇਟਮੈਂਟਾਂ ਤੋਂ ਸਾਬਤ ਹੋਇਆ ਹੈ ਕਿ ਇਸ ਮੁਲਜ਼ਮ ਨੇ ਲੰਬੀ ਛੁੱਟੀ 'ਤੇ ਚੱਲ ਰਹੇ ਮੁਲਾਜ਼ਮਾਂ ਦੀਆਂ ਜਾਅਲੀ ਤਨਖ਼ਾਹਾਂ ਅਤੇ ਮਹਿੰਗਾਈ ਭੱਤੇ ਦੇ ਬਿੱਲ ਤਿਆਰ ਕੀਤੇ ਸਨ ਅਤੇ ਜਿਨ੍ਹਾਂ 'ਤੇ ਉਕਤ ਮੁਲਜ਼ਮ ਰਣਜੀਤ ਸਿੰਘ ਵੱਲੋਂ ਕਾਊਂਟਰ ਸਾਈਨ ਕੀਤੇ ਹੋਏ ਸਨ ਅਤੇ ਐਸ.ਐਮ.ਓ. ਡਾ. ਚਾਹਲ ਵੱਲੋਂ ਪ੍ਰਵਾਨਗੀ ਦਿੱਤੀ ਗਈ। ਕਲਰਕ ਰਾਜਵਿੰਦਰ ਸਿੰਘ ਨੇ ਖਜ਼ਾਨਾ ਦਫ਼ਤਰ ਭੁਲੱਥ ਤੋਂ ਇਹ ਜਾਅਲੀ ਬਿੱਲ ਪਾਸ ਕਰਵਾ ਕੇ ਆਪਣੇ ਨਿੱਜੀ ਬੈਂਕ ਖਾਤਿਆਂ ਵਿੱਚ ਜਮ੍ਹਾਂ ਕਰਵਾਕੇ ਕੁੱਲ 14,46,550 ਰੁਪਏ ਗਬਨ ਕੀਤਾ ਸੀ।

ਇਸ ਸਬੰਧੀ ਵਿਜੀਲੈਂਸ ਬਿਊਰੋ ਥਾਣਾ, ਜਲੰਧਰ ਰੇਂਜ ਵਿਖੇ ਵਿਖੇ ਉਕਤ ਤਿੰਨੋਂ ਮੁਲਜ਼ਮਾਂ ਡਾ. ਚਾਹਲ, ਰਣਜੀਤ ਸਿੰਘ ਅਤੇ ਰਾਜਵਿੰਦਰ ਸਿੰਘ ਦੇ ਖ਼ਿਲਾਫ਼ ਆਈਪੀਸੀ ਦੀ ਧਾਰਾ 409, 467, 468, 471, 201, 120-ਬੀ ਅਤੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ 13 (1)ਏ ਅਤੇ 13 (2) ਤਹਿਤ ਕੇਸ ਦਰਜ ਕੀਤਾ

ਗਿਆ ਹੈ। ਡਾ. ਚਾਹਲ ਅਤੇ ਰਣਜੀਤ ਸਿੰਘ ਨੂੰ ਅੱਜ ਅਦਾਲਤ ਵਿਚ ਪੇਸ਼ ਕੀਤਾ ਗਿਆ ਅਤੇ ਦੋਵਾਂ ਮੁਲਜ਼ਮਾਂ ਨੂੰ ਨਿਆਂਇਕ ਰਿਮਾਂਡ 'ਤੇ ਜੇਲ ਭੇਜ ਦਿੱਤਾ ਗਿਆ ਹੈ ਅਤੇ ਇਸ ਕੇਸ ਦੀ ਅਗਲੇਰੀ ਜਾਂਚ ਜਾਰੀ ਸੀ।

---------